# ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ 03 ਤੇ 04 ਅਕਤੂਬਰ ਨੂੰ : ਜ਼ਿਲ੍ਹਾ ਖੇਡ ਅਫਸਰ

## ਐਮ.ਆਰ.ਕਾਲਜ ਦੇ ਖੇਡ ਸਟੇਡੀਅਮ ਵਿਖੇ ਹੋਣਗੀਆਂ ਖੇਡਾਂ

## ਟੀਮਾਂ ਨੂੰ ਵੱਧ ਤੋਂ ਵੱਧ ਭਾਗ ਲੈਣ ਦੀ ਕੀਤੀ ਅਪੀਲ

## ਡਿਪਟੀ ਕਮਿਸ਼ਨਰ ਕਰਨਗੇ ਉਦਘਾਟਨ

ਫਾਜ਼ਿਲਕਾ 02 ਅਕਤੂਬਰ

ਡਾਇਰੈਕਟਰ ਸਪੋਰਟਸ ਪੰਜਾਬ ਚੰਡੀਗੜ੍ਹ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਦੇ ਦਿਸ਼ਾਂ-ਨਿਰਦੇਸ਼ਾਂ 'ਤੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਦੀ ਰਹਿਨੁਮਾਈ ਹੇਠ ਸਥਾਨਕ ਸਰਕਾਰੀ ਐਮ.ਆਰ. ਕਾਲਜ ਦੇ ਬਹੁਮਹੱਤਵੀ ਖੇਡ ਸਟੇਡੀਅਮ ਵਿਖੇ 03 ਤੇ 04 ਅਕਤੂਬਰ 2017 ਨੂੰ ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਸ ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ ਦਾ ਉਦਘਾਟਨ ਡਿਪਟੀ ਕਮਿਸ਼ਨਰ ਵੱਲੋ ਕੀਤਾ ਜਾਵੇਗਾ।

ਜ਼ਿਲ੍ਹਾ ਖੇਡ ਅਫਸਰ ਸ. ਬਲਵੰਤ ਸਿੰਘ ਨੇ ਦੱਸਿਆ ਕਿ ਖੇਡ ਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਪੇਂਡ ਖੇਡਾਂ ਅੰਡਰ 17 ਸਾਲ (ਲੜਕੇ ਤੇ ਲੜਕੀਆਂ) ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਐਥਲੈਟਿਕਸ, ਕੁਸ਼ਤੀ, ਕਬੱਡੀ, ਵਾਲੀਬਾਲ, ਹੈਡਬਾਲ, ਫੁੱਟਬਾਲ ਤੇ ਬਾਸਕਟਬਾਲ ਆਦਿ ਖੇਡਾਂ ਕਰਵਾਈਆਂ ਜਾਣਗੀਆਂ।

ਜ਼ਿਲ੍ਹਾ ਖੇਡ ਅਫਸਰ ਨੇ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ ਭਾਗ ਲੈਣ ਵਾਲੇ ਖਿਡਾਰੀ ਦਾ ਜਨਮ 01 ਜਨਵਰੀ 2001 ਤੋਂ ਬਾਅਦ ਦਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਗ ਲੈਣ ਵਾਲੇ ਖਿਡਾਰੀ ਆਪਣੇ ਸਕੂਲ ਮੁੱਖੀ ਤੋਂ ਤੁਸਦੀਕਸ਼ੁਦਾ ਐਂਟਰੀ ਫਾਰਮ, ਆਪਣਾ ਜਨਮ ਸਬੂਤ ਤੇ ਸਪੋਰਟਸ ਕਿਟ ਪਾ ਕੇ 3 ਅਕਤੂਬਰ 2017 ਨੂੰ ਖੇਡ ਸਟੇਡੀਅਮ ਵਿਖੇ ਰਿਪੋਰਟ ਕਰਨ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਆਉਣ-ਜਾਣ ਦਾ ਕਿਰਾਇਆ ਤੇ ਖਾਣਾ ਵਿਭਾਗ ਵੱਲੋਂ ਦਿੱਤਾ ਜਾਵੇਗਾ।

ਜ਼ਿਲ੍ਹਾ ਖੇਡ ਅਫਸਰ ਨੇ ਜ਼ਿਲ੍ਹੇ ਅਧੀਨ ਪੈਂਦੇ ਪਿੰਡਾਂ ਦੇ ਸਕੂਲਾਂ ਦੀਆਂ ਟੀਮਾਂ ਨੂੰ ਇਸ ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ ਟੂਰਨਾਮੈਂਟ 'ਚ ਵੱਧ ਤੋਂ ਵੱਧ ਭਾਗ ਲੈਣ ਦੀ ਅਪੀਲ ਕੀਤੀ ਹੈ।